# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਸਮੂਹ ਸਕੂਲ ਮੁੱਖੀ।

**ਮੀਮੋ ਨੰ**: Transfer Cell/2025/485237/੨੨੫੭

**ਮਿਤੀ**: 24.10.2025

ਵਿਸ਼ਾ: **ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਦੀਆਂ ਬਦਲੀਆਂ ਦੀਆਂ ਬੇਨਤੀਆਂ ਡੀ.ਡੀ.ਓ/ਸਕੂਲ ਮੁੱਖੀ ਵਲੋਂ ਤਸਦੀਕ ਕਰਨ ਸਬੰਧੀ।**

**ਹਵਾਲਾ:- ਦਫਤਰ ਦੇ ਮੀਮੋ ਨੰ. Transfer Cell/2025/485237/2245 ਮਿਤੀ 21.10.25 ਸਬੰਧੀ।**

**1.0** ਉਪਰੋਕਤ ਵਿਸੇ ਤੇ ਹਵਾਲਾ ਅਧੀਨ ਪੱਤਰ ਦੀ ਲਗਾਤਾਰਤਾ ਵਿੱਚ ਲਿਖਿਆ ਜਾਂਦਾ ਹੈ ਕਿ ਸਿੱਖਿਆ ਵਿਭਾਗ ਵਲੋਂ ਜਾਰੀ ਅਧਿਸੂਚਨਾਂ SED-EDU6021/2/2023-1ਸਿ6/30 ਮਿਤੀ 26.02.2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਅਧਿਆਪਕ/ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਸਟਾਫ ਨੂੰ ਬਦਲੀ ਲਈ ਵੇਰਵੇ ਜਿਵੇਂ ਕਿ General Details, Results, Service Record ਮਿਤੀ 08.10.2025 ਤੋਂ 17.10.2025 ਤੱਕ ਭਰਨ ਲਈ ਸਮਾਂ ਦਿੱਤਾ ਗਿਆ ਸੀ।

2.0 ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 21.10.2025 ਤੋਂ 24.10.2025 ਤੱਕ ਕੀਤੀ ਜਾਣੀ ਸੀ। ਕੁਝ ਸਕੂਲ ਮੁੱਖੀ/ਡੀ.ਡੀ.ਓ ਵਲੋਂ ਵਿਭਾਗ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਧਿਆਪਕਾਂ/ਕਰਮਚਾਰੀਆਂ ਵਲੋਂ ਭਰੇ ਡਾਟਾ ਨੂੰ ਵੈਰੀਫਾਈ ਕਰਨ ਵਿੱਚ ਦਿੱਕਤ ਪੇਸ਼ ਆ ਰਹੀ ਹੈ।

3.0 ਸਕੂਲ ਮੁੱਖੀ/ਡੀ.ਡੀ.ਓ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਦੀ ਵੈਰੀਫਿਕੇਸਨ ਕਰਨ ਹਿੱਤ ਮਿਤੀ 28.10.2025 ਤੱਕ ਵਾਧਾ ਕੀਤਾ ਜਾਂਦਾ ਹੈ। ਇਸ ਮੰਤਵ ਲਈ ਸਕੂਲ ਮੁੱਖੀ/ਡੀ.ਡੀ.ਓ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ Staff Menu ਵਿੱਚ ਦਿੱਤੇ ਲਿੰਕ Transfer and Verification ਤੇ ਜਾ ਕੇ ਦਰਖਾਸਤਕਰਤਾ ਵਲੋਂ ਭਰੇ ਡਾਟਾ ਦੀ ਵੈਰੀਫੀਕੇਸਨ ਕਰਨਗੇ। ਵੇਰੀਫਿਕੇਸ਼ਨ ਉਪਰੰਤ ਜੇਕਰ ਰਿਕਾਰਡ ਅਨੁਸਾਰ ਬਿਨੈਕਾਰ ਦੇ ਡਾਟਾ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਸਕੂਲ ਮੁੱਖੀ/ ਡੀ.ਡੀ.ਓ ਉਸ ਨੂੰ ਆਪਣੀ ਤੱਸਲੀ ਕਰਨ ਉਪਰੰਤ ਦਰੁਸਤ ਕਰਨਾ ਯਕੀਨੀ ਬਣਾਉਣਗੇ। ਸਕੂਲ ਮੁੱਖੀ/ਡੀ.ਡੀ.ਓ ਡਾਟਾ ਵੈਰੀਫਿਕੇਸਨ ਕਰਨ ਉਪਰੰਤ Approve ਦਾ ਬਟਨ ਦਬਾਉਣਗੇ।

**4.0** ਕਈ ਸਕੂਲਾਂ/ਦਫਤਰਾਂ ਵਿੱਚ ਸਕੂਲ ਮੁੱਖੀ/ਡੀ.ਡੀ.ਓ ਨਹੀਂ ਹਨ, ਕਿਉਂਜੋ ਬਦਲੀਆਂ ਦਾ ਕੰਮ ਸਮਾਂ ਬੱਧ ਹੈ ਇਸ ਲਈ ਉਹਨਾਂ ਸਕੂਲਾਂ ਵਿੱਚ ਕੰਮ ਕਰ ਰਹੇ ਸੀਨੀਅਰ ਅਧਿਆਪਕ/ਕਰਮਚਾਰੀ ਬਦਲੀ ਅਪਲਾਈ ਕਰਨ ਵਾਲੇ ਦਰਖਾਸਤਕਰਤਾਵਾਂ ਦਾ ਡਾਟਾ ਕੇਵਲ ਬਦਲੀਆਂ ਦੇ ਮੰਤਵ ਲਈ ਵੈਰੀਫਾਈ ਕਰਨਾ ਯਕੀਨੀ ਬਣਾਉਣਗੇ।

24.10.25

**ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)**

Scanned with CamScanner